ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 05-07-2024 (22 ਹਾੜ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 489 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਹ ਇਕੱਤਰਤਾ ਦਲ ਖਾਲਸਾ ਦੀ ਸਥਾਪਨਾ ਕਰਨ ਵਾਲੇ ਮੋਹਰੀ ਪੰਚਾਂ ਵਿੱਚੋਂ ਭਾਈ ਗਜਿੰਦਰ ਸਿੰਘ ਜੀ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ।

ਲੰਮਾ ਸਮਾਂ ਜਲਾਵਤਨ ਰਹਿਣ ਵਾਲੇ ਭਾਈ ਗਜਿੰਦਰ ਸਿੰਘ ਦੇ ਸੰਘਰਸ਼ਮਈ ਜੀਵਨ ਅਤੇ ਕੁਰਬਾਨੀ ਨੂੰ ਸ਼੍ਰੋਮਣੀ ਗੁ:ਪ੍ਰ:ਕਮੇਟੀ ਸਤਿਕਾਰ ਭੇਟ ਕਰਦੀ ਹੈ। ਭਾਈ ਗਜਿੰਦਰ ਸਿੰਘ ਵੱਲੋਂ ਦ੍ਰਿੜਤਾ ਨਾਲ ਸਿੱਖ ਸਿਧਾਂਤਾਂ 'ਤੇ ਪਹਿਰਾ ਦੇਣ ਅਤੇ ਕਠਿਨ ਹਾਲਾਤਾਂ ਵਿੱਚ ਜੀਵਨ ਪੰਧ ਤਹਿ ਕਰਨ, ਉਨ੍ਹਾਂ ਦੀ ਪੰਥਕ ਪਛਾਣ ਦਾ ਲਿਖਾਇਕ ਹੈ। ਕੌਮ ਵੱਲੋਂ ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਅੱਜ ਦੀ ਇਹ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ-ਬੇਨਤੀ ਕਰਦੀ ਹੈ ਕਿ ਭਾਈ ਗਜਿੰਦਰ ਸਿੰਘ ਜੀ ਦੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਕਾਲ ਲਈ ਨਿਵਾਸ ਬਖਸ਼ਣ, ਪਿਛੇ ਪੰਥ, ਪਰਿਵਾਰ ਅਤੇ ਸੱਜਣ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21024 ਮਿਤੀ 10-07-2024

ਉਤਾਰਾ: 1. ਆਰ.ਕੇ. ਜੀ (ਟਰੱਸਟ ਬ੍ਰਾਂਚ) ਸ਼੍ਰੋਮਣੀ ਗੁ:ਪ੍ਰ: ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 05-07-2024 (22 ਹਾੜ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 490 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸ. ਸੁਰਜੀਤ ਸਿੰਘ ਜੀ ਭਿੱਟੇਵੱਡ ਸਾਬਕਾ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਪਿਤਾ ਸ. ਕਿਰਪਾਲ ਸਿੰਘ ਜੀ ਭਿੱਟੇਵੱਡ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੬।੦੨5

ਮਿਤੀ ੧੦-੦੭-2024

ਉਤਾਰਾ: 1. ਆਰ.ਕੇ. ਜੀ (ਟਰੱਸਟ ਬ੍ਰਾਂਚ) ਸ਼੍ਰੋਮਣੀ ਗੁ:ਪ੍ਰ: ਕਮੇਟੀ।
-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

☬ ੧ੴ ਵਾਹਿਗੁਰੂ ਜੀ ਕੀ ਫਤਹ ॥ ☬

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 05-07-2024 (22 ਹਾੜ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 499 ਦੀ ਨਕਲ :-**

ਸ੍ਰ. ਸਤਵੰਤ ਸਿੰਘ (ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ) ਵਾਸੀ ਕੇ.ਜੀ. 2/2, ਵਿਕਾਸ ਪੁਰੀ, ਨਿਊ ਦਿੱਲੀ ਵੱਲੋਂ ਆਪਣੇ ਬੇਟੇ ਦਾ ਵਿਆਹ ਹੋਣ ਕਰਕੇ, ਘਰ ਦੀ ਰਿਪੇਅਰ ਕਰਵਾਉਣ ਲਈ ਆਰਥਿਕ ਹਾਲਤ ਕਮਜੋਰ ਹੋਣ ਦਾ ਹਵਾਲਾ ਦੇਂਦਿਆਂ ਸਹਾਇਤਾ ਲੈਣ ਦੀ ਕੀਤੀ ਮੰਗ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ੍ਰ. ਸਤਵੰਤ ਸਿੰਘ (ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ) ਵਾਸੀ ਕੇ.ਜੀ. 2/2, ਵਿਕਾਸ ਪੁਰੀ, ਨਿਊ ਦਿੱਲੀ ਨੂੰ ਧਰਮ ਅਰਥ ਫੰਡ ਵਿੱਚੋਂ 2,00,000/- ਅੱਖਰੀਂ ਦੋ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 91009. ਮਿਤੀ 9-07-2024

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ: ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 05-07-2024 (22 ਹਾੜ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 507 ਦੀ ਨਕਲ :-**

ਸ੍ਰ. ਰਜਿੰਦਰ ਸਿੰਘ (ਸਪੁੱਤਰ ਸ੍ਰ. ਸ਼ਹੀਦ ਭਾਈ ਕੇਹਰ ਸਿੰਘ-ਇੰਦਰਾ ਗਾਂਧੀ ਕਤਲ ਕਾਂਡ) ਵਾਸੀ ਗੁਰਦੁਆਰਾ ਮੋਤੀ ਬਾਗ ਸਾਹਿਬ, ਨਵੀਂ ਦਿੱਲੀ ਵੱਲੋਂ ਘਰੇਲੂ ਹਾਲਤ ਕਮਜੋਰ ਹੋਣ ਦਾ ਹਵਾਲਾ ਦੇਂਦਿਆਂ ਸਹਾਇਤਾ ਦੀ ਕੀਤੀ ਮੰਗ ਦੇ ਸਬੰਧ ਵਿੱਚ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਸ਼ਹੀਦ ਭਾਈ ਕੇਹਰ ਸਿੰਘ ਦੀ ਕੁਰਬਾਨੀ ਨੂੰ ਵੇਖਦਿਆਂ ਸਹਾਇਤਾ ਕਰਨ ਦੀ ਕੀਤੀ ਸਿਫਾਰਸ਼ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ੍ਰ. ਰਜਿੰਦਰ ਸਿੰਘ (ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ) ਨੂੰ ਧਰਮ ਅਰਥ ਫੰਡ ਵਿੱਚੋਂ 2,00,000/- ਅੱਖਰੀਂ ਦੋ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 9/0/2.

ਮਿਤੀ 09-07-2024

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ: ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 05-07-2024 (22 ਹਾੜ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 520 ਦੀ ਨਕਲ :-

ਭਾਰਤ ਦੇਸ਼ ਅੰਦਰ ਸਿੱਖਾਂ ਦੀ ਧਾਰਮਿਕ ਅਜ਼ਾਦੀ ਵਿਰੁੱਧ ਕੀਤੀਆਂ ਜਾ ਰਹੀਆਂ ਆਪਹੁਦਰੀਆਂ ਕਾਰਵਾਈਆਂ ਅਧੀਨ ਸੰਵਿਧਾਨ ਅੰਦਰ ਸਿੱਖਾਂ ਦੇ ਕਕਾਰਾਂ ਦਾ ਹਿੱਸਾ ਕਿਰਪਾਨ ਪਹਿਨਣ ਦੀ ਖੁੱਲ੍ਹ ਨੂੰ ਚੁਣੌਤੀ ਦੇਣ ਵਾਲੇ ਲੋਕਾਂ ਵਿਰੁੱਧ ਕਰੜੀ ਕਾਰਵਾਈ ਦਾ ਮਾਮਲਾ **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪ੍ਰਵਾਨ ਹੋਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਭਾਰਤ ਦੇਸ਼ ਅੰਦਰ ਸਿੱਖਾਂ ਦੀ ਧਾਰਮਿਕ ਅਜ਼ਾਦੀ ਵਿਰੁੱਧ ਕੀਤੀਆਂ ਜਾ ਰਹੀਆਂ ਆਪਹੁਦਰੀਆਂ ਕਾਰਵਾਈਆਂ ਦੀ ਕਰੜੀ ਨਿੰਦਾ ਕਰਦਿਆਂ ਭਾਰਤ ਸਰਕਾਰ ਨੂੰ ਅਪੀਲ ਕਰਦੀ ਹੈ ਕਿ ਸੰਵਿਧਾਨ ਅੰਦਰ ਸਿੱਖਾਂ ਦੇ ਕਕਾਰਾਂ ਦਾ ਹਿੱਸਾ ਕਿਰਪਾਨ ਪਹਿਨਣ ਦੀ ਖੁੱਲ੍ਹ ਨੂੰ ਚੁਣੌਤੀ ਦੇਣ ਵਾਲੇ ਲੋਕਾਂ ਵਿਰੁੱਧ ਕਰੜੀ ਕਾਰਵਾਈ ਕਰੇ।**

ਆਮ ਹੀ ਵੇਖਣ ਵਿੱਚ ਆ ਰਿਹਾ ਹੈ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਅੰਦਰ ਸਿੱਖਾਂ ਨੂੰ ਕਕਾਰ (ਕਿਰਪਾਨ, ਕੜਾ ਆਦਿ) ਪਾਉਣ ਕਰਕੇ ਤੰਗ ਪਰੇਸ਼ਾਨ ਕੀਤਾ ਜਾਂਦਾ ਹੈ, ਜਦਕਿ ਸਿੱਖ ਰਹਿਣੀ ਦਾ ਅਹਿਮ ਹਿੱਸਾ ਕਕਾਰ ਹਰ ਅੰਮ੍ਰਿਤਧਾਰੀ ਸਿੱਖ ਲਈ ਸਦਾ ਆਪਣੇ ਅੰਗ ਸੰਗ ਰੱਖਣੇ ਲਾਜ਼ਮੀ ਹਨ। ਹਾਲ ਹੀ ਵਿੱਚ ਰਾਜਸਥਾਨ ਅੰਦਰ ਜੋਧਪੁਰ ਹਾਈ ਕੋਰਟ ਵੱਲੋਂ ਲਈ ਗਈ ਸਿਵਲ ਜੱਜ ਦੀ ਭਰਤੀ ਪ੍ਰੀਖਿਆ ਸਮੇਂ ਕਈ ਅੰਮ੍ਰਿਤਧਾਰੀ ਗੁਰਸਿੱਖ ਉਮੀਦਵਾਰਾਂ ਨੂੰ ਕਕਾਰ (ਕਿਰਪਾਨ) ਉਤਾਰਨ ਲਈ ਮਜਬੂਰ ਕੀਤਾ ਗਿਆ ਹੈ। ਦੇਸ਼ ਅੰਦਰ ਇਸ ਤੋਂ ਪਹਿਲਾਂ ਵੀ ਅਜਿਹੀਆਂ ਕਈ ਘਟਨਾਵਾਂ ਵਾਪਰੀਆਂ ਹਨ। ਇਸ ਵਿਤਕਰੇ ਵਖਰੇਵੇਂ ਵਾਲੀ ਕਾਰਵਾਈ ਨਾਲ ਜਿੱਥੇ ਪੀੜਤ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਵੱਜੀ ਹੈ ਉੱਥੇ ਹੀ ਮਾਨਸਿਕ ਪੀੜਾ ਸਹਿਣ ਕਾਰਨ ਉਨ੍ਹਾਂ ਦੀ ਪ੍ਰੀਖਿਆ ਵੀ ਪ੍ਰਭਾਵਿਤ ਹੋਈ ਹੈ। ਇਹ ਕੇਵਲ ਸਿੱਖਾਂ ਨਾਲ ਨਫ਼ਰਤੀ ਹਿੰਸਾ ਹੀ ਨਹੀਂ ਹੈ ਸਗੋਂ ਸੰਵਿਧਾਨ ਦੀ ਧਾਰਾ 25 ਤਹਿਤ ਸਿੱਖਾਂ ਨੂੰ ਕਿਰਪਾਨ ਪਾਉਣ ਦੇ ਮਿਲੇ ਅਧਿਕਾਰਾਂ ਦੀ ਘੋਰ ਉਲੰਘਣਾ ਵੀ ਹੈ। ਸੰਵਿਧਾਨ ਅੰਦਰ ਸਪੱਸ਼ਟ ਤੌਰ 'ਤੇ ਲਿਖਿਆ ਹੋਇਆ ਹੈ ਕਿ, "ਕਿਰਪਾਨ ਪਹਿਨਣਾ ਅਤੇ ਰੱਖਣਾ ਸਿੱਖ ਧਰਮ ਵਿੱਚ ਸ਼ਾਮਲ ਮੰਨਿਆ ਜਾਵੇਗਾ।"

ਅੱਜ ਦੀ ਇਹ ਇਕੱਤਰਤਾ ਸਪੱਸ਼ਟ ਕਰਦੀ ਹੈ ਕਿ ਸਿੱਖਾਂ ਦੇ ਕਕਾਰਾਂ ਦਾ ਹਿੱਸਾ ਕਿਰਪਾਨ ਹਰ ਅੰਮ੍ਰਿਤਧਾਰੀ ਸਿੱਖ ਲਈ ਜੀਵਨਧਾਰਾ ਦਾ ਅਨਿੱਖੜਵਾਂ ਅੰਗ ਹੋਣ ਦੇ ਨਾਲ-ਨਾਲ ਆਪਣੇ ਗੁਰੂ ਸਾਹਿਬ ਦਾ ਹੁਕਮ ਮੰਨਣ ਅਤੇ ਧਰਮ ਦੇ ਅਕੀਦਿਆਂ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਹੈ। ਸਿੱਖ ਜੀਵਨ ਜਾਚ ਲਈ ਨਿਰਧਾਰਤ 'ਸਿੱਖ ਰਹਿਤ ਮਰਯਾਦਾ' ਵਿੱਚ ਦਰਸਾਈ ਪੰਥਕ ਰਹਿਣੀ ਅੰਦਰ ਇਸ ਬਾਰੇ ਸਾਫ ਤੌਰ 'ਤੇ ਦਰਜ ਹੈ ਕਿ, "ਪੰਜ ਕੱਕਿਆਂ - ਕੇਸ, ਕ੍ਰਿਪਾਨ, ਕਛਹਿਰਾ, ਕੰਘਾ, ਕੜਾ ਨੂੰ ਹਰ ਵੇਲੇ ਅੰਗ-ਸੰਗ ਰੱਖਣਾ।"

ਚੱਲਦਾ...2...

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਭਾਰਤ ਦੇਸ਼ ਅੰਦਰ ਸਿੱਖ ਕਕਾਰਾਂ ਪ੍ਰਤੀ ਨਫ਼ਰਤੀ ਵਰਤਾਰੇ ਖਿਲਾਫ ਹਰ ਪੱਧਰ 'ਤੇ ਅਵਾਜ਼ ਚੁੱਕਣ ਦੀ ਵਚਨਬੱਧਤਾ ਪ੍ਰਗਟਾਉਂਦੀ ਹੈ। ਸਿੱਖ ਸਿਧਾਂਤਾਂ, ਇਤਿਹਾਸ ਅਤੇ ਸਿੱਖ ਰਹਿਤ ਮਰਯਾਦਾ ਨੂੰ ਸੱਟ ਮਾਰਨ ਵਾਲੀਆਂ ਕਾਰਵਾਈਆਂ ਬਿਲਕੁਲ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਇਕੱਤਰਤਾ ਭਾਰਤ ਸਰਕਾਰ ਨੂੰ ਆਖਦੀ ਹੈ ਕਿ ਇਸ ਪ੍ਰਤੀ ਸੰਜੀਦਾ ਪਹੁੰਚ ਅਪਣਾਈ ਜਾਵੇ ਅਤੇ ਸਿੱਖਾਂ ਦੇ ਕਕਾਰਾਂ ਨੂੰ ਲੈ ਕੇ ਧਾਰਮਿਕ ਭਾਵਨਾਵਾਂ ਤੋੜਣ ਵਾਲੇ ਅਤੇ ਸੰਵਿਧਾਨ ਵਿਰੁੱਧ ਭੁਗਤਣ ਵਾਲੇ ਲੋਕਾਂ ਖਿਲਾਫ ਮਿਸਾਲੀ ਕਾਰਵਾਈ ਕਰੇ ਅਤੇ ਰਾਜਸਥਾਨ ਦੇ ਜੋਧਪੁਰ ਅੰਦਰ ਸਿਵਲ ਜੱਜ ਦੀ ਪ੍ਰੀਖਿਆ ਮੌਕੇ ਅੰਮ੍ਰਿਤਧਾਰੀ ਗੁਰਸਿੱਖ ਉਮੀਦਵਾਰਾਂ ਦੇ ਕਕਾਰ ਲਹਾਉਣ ਵਾਲਿਆਂ ਵਿਰੁੱਧ ਪਰਚਾ ਦਰਜ ਕੀਤਾ ਜਾਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21083 ਮਿਤੀ 19-07-2024

ਉਤਾਰਾ:
1. ਗ੍ਰਿਹ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਕਾਨੂੰਨ ਤੇ ਨਿਆਂ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਮੁੱਖ ਮੰਤਰੀ ਜੀ, ਰਾਜਸਥਾਨ ਸਰਕਾਰ, ਜੈਪੁਰ।
4. ਚੇਅਰਮੈਨ ਜੀ, ਕੌਮੀ ਘੱਟ ਗਿਣਤੀ ਕਮਿਸ਼ਨ, ਨਵੀਂ ਦਿੱਲੀ।
5. ਚੀਫ ਜਸਟਿਸ ਜੀ, ਰਾਜਸਥਾਨ ਹਾਈਕੋਰਟ, ਜੋਧਪੁਰ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 05-07-2024 (22 ਹਾੜ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 554 ਦੀ ਨਕਲ :-**

ਬੀਤੇ ਦਿਨੀਂ ਭਾਰਤ ਦੀ ਸੰਸਦ ਅੰਦਰ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫ਼ੇ ਅਤੇ ਉਨ੍ਹਾਂ ਦੀ ਤਸਵੀਰ ਨੂੰ ਅਧਾਰ ਬਣਾ ਕੇ ਕੀਤੀਆਂ ਗਈਆਂ ਟਿੱਪਣੀਆਂ ਦਾ ਮਾਮਲਾ **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪ੍ਰਵਾਨ ਹੋਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਬੀਤੇ ਦਿਨੀਂ ਭਾਰਤ ਦੀ ਸੰਸਦ ਅੰਦਰ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫ਼ੇ ਅਤੇ ਉਨ੍ਹਾਂ ਦੀ ਤਸਵੀਰ ਨੂੰ ਅਧਾਰ ਬਣਾ ਕੇ ਕੀਤੀਆਂ ਗਈਆਂ ਟਿੱਪਣੀਆਂ ਦਾ ਨੋਟਿਸ ਲੈਂਦਿਆਂ ਸਪੱਸ਼ਟ ਕਰਦੀ ਹੈ ਕਿ ਗੁਰੂ ਸਾਹਿਬਾਨ ਦੀ ਪਾਵਨ ਗੁਰਬਾਣੀ ਅਤੇ ਸਿਖਿਆਵਾਂ ਨੂੰ ਸਿਆਸੀ ਬਹਿਸ ਦਾ ਹਿੱਸਾ ਨਹੀਂ ਬਣਾਉਣਾ ਚਾਹੀਦਾ। ਅਕਸਰ ਹੀ ਸਿਆਸੀ ਲੋਕਾਂ ਵੱਲੋਂ ਅਜਿਹਾ ਕਰਨ ਨਾਲ ਗੁਰੂ ਸਾਹਿਬਾਨ ਦੇ ਮੌਲਿਕ ਸਿਧਾਂਤਾਂ ਅਤੇ ਪਾਵਨ ਗੁਰਬਾਣੀ ਦੇ ਅਰਥਾਂ ਦੀ ਵਿਆਖਿਆ ਗਲਤ ਕੀਤੀ ਜਾਂਦੀ ਹੈ, ਜਿਸ ਨਾਲ ਸਿੱਖ ਜਗਤ ਦੀਆਂ ਭਾਵਨਾਵਾਂ ਨੂੰ ਸੱਟ ਵੱਜਦੀ ਹੈ। ਅਜਿਹਾ ਹੀ ਪ੍ਰਗਟਾਵਾ ਕਾਂਗਰਸ ਦੇ ਸਾਂਸਦ ਤੇ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਵੱਲੋਂ ਕੀਤਾ ਗਿਆ ਹੈ। ਉਸ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜ਼ਿਕਰ ਕਰਦਿਆਂ ਕਿਹਾ ਹੈ ਕਿ ਗੁਰੂ ਸਾਹਿਬ ਦਾ ਸਰੂਪ (ਤਸਵੀਰ) ਅਭਯ ਮੁਦਰਾ ਨੂੰ ਦਰਸਾਉਂਦੀ ਹੈ, ਜਦਕਿ ਅਜਿਹਾ ਬਿਲਕੁਲ ਗਲਤ ਹੈ। ਗੁਰੂ ਸਾਹਿਬ ਨੇ ਅਜਿਹੀ ਕਿਸੇ ਵੀ ਮੁਦਰਾ ਜਾਂ ਆਸਣ ਨੂੰ ਮਾਨਤਾ ਨਹੀਂ ਦਿੱਤੀ ਸਗੋਂ ਆਪ ਜੀ ਨੇ ਅਜਿਹੇ ਵਰਤਾਰੇ ਦਾ ਖੰਡਨ ਕਰਦਿਆਂ ਕੇਵਲ ਇੱਕ ਅਕਾਲ ਪੁਰਖ ਨਾਲ ਜੁੜਨ ਦਾ ਉਪਦੇਸ਼ ਦਿੱਤਾ ਹੈ। ਇਸ ਵਾਸਤੇ ਗੁਰੂ ਸਾਹਿਬ ਜੀ ਦਾ ਉਪਦੇਸ਼ "ਕਿਰਤ ਕਰੋ, ਨਾਮ ਜੱਪੋ ਅਤੇ ਵੰਡ ਛਕੋ" ਮਨੁੱਖਤਾ ਲਈ ਮਾਰਗ-ਦਰਸ਼ਨ ਹੈ।ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਲੋਕ ਸਭਾ ਤੇ ਰਾਜ ਸਭਾ ਦੋਹਾਂ ਸਦਨਾਂ ਦੇ ਸਪੀਕਰਾਂ ਨੂੰ ਅਪੀਲ ਕਰਦੀ ਹੈ ਕਿ ਉਹ ਸੰਸਦ ਅੰਦਰ ਇਹ ਯਕੀਨੀ ਬਣਾਉਣ ਕਿ ਕਿਸੇ ਦੀਆਂ ਵੀ ਧਾਰਮਿਕ ਭਾਵਨਾਵਾਂ ਨੂੰ ਸੱਟ ਨਾ ਵੱਜੇ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 91084

ਮਿਤੀ 12-7-2024

ਉਤਾਰਾ:
1. ਉੱਪ ਚੇਅਰਮੈਂਨ ਜੀ, ਰਾਜ ਸਭਾ, ਪਾਰਲੀਮੈਂਟ ਭਵਨ, ਨਵੀਂ ਦਿੱਲੀ।
2. ਸਪੀਕਰ ਜੀ, ਲੋਕ ਸਭਾ, ਪਾਰਲੀਮੈਂਟ ਭਵਨ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫਤਹ ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 05-07-2024 (22 ਹਾੜ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 555 ਦੀ ਨਕਲ :-

ਬੀਤੇ ਦਿਨੀਂ ਭਾਰਤੀ ਜਨਤਾ ਪਾਰਟੀ ਦੀ ਮੰਡੀ (ਹਿਮਾਚਲ ਪ੍ਰਦੇਸ਼) ਤੋਂ ਸਾਂਸਦ ਕੰਗਨਾ ਰਣੌਤ ਵੱਲੋਂ ਪੰਜਾਬ ਅਤੇ ਪੰਜਾਬੀਆਂ ਵਿਰੁੱਧ ਨਫ਼ਰਤੀ ਸੋਚ ਦੇ ਪ੍ਰਗਟਾਵੇ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪ੍ਰਵਾਨ ਹੋਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਬੀਤੇ ਦਿਨੀਂ ਭਾਰਤੀ ਜਨਤਾ ਪਾਰਟੀ ਦੀ ਮੰਡੀ (ਹਿਮਾਚਲ ਪ੍ਰਦੇਸ਼) ਤੋਂ ਸਾਂਸਦ ਕੰਗਨਾ ਰਣੌਤ ਵੱਲੋਂ ਪੰਜਾਬ ਅਤੇ ਪੰਜਾਬੀਆਂ ਵਿਰੁੱਧ ਨਫ਼ਰਤੀ ਸੋਚ ਦੇ ਪ੍ਰਗਟਾਵੇ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕਰਦੀ ਹੈ। ਕੰਗਨਾ ਰਣੌਤ ਦਾ ਇਹ ਕਹਿਣਾ ਕਿ ਪੰਜਾਬ ਵਿੱਚ ਅਤਿਵਾਦ ਵੱਧ ਰਿਹਾ ਹੈ, ਇਹ ਉਸਦੀ ਬਿਮਾਰ ਮਾਨਸਿਕਤਾ ਦਾ ਪ੍ਰਗਟਾਵਾ ਹੈ, ਜਦਕਿ ਸੱਚ ਇਹ ਹੈ ਕਿ ਉਸ ਦੀ ਆਪਣੀ ਜ਼ਬਾਨ ਰਾਹੀਂ ਫੈਲਾਇਆ ਜਾ ਰਿਹਾ ਅਤਿਵਾਦ ਦੇਸ਼ ਦੇ ਮਹੌਲ ਨੂੰ ਦੂਸ਼ਿਤ ਕਰ ਰਿਹਾ ਹੈ। ਕੰਗਨਾ ਰਣੌਤ ਨੂੰ ਇਹ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਜੇਕਰ ਅੱਜ ਦੇਸ਼ ਦਾ ਬਹੁ-ਕੌਮੀ ਤੇ ਬਹੁ-ਭਾਸ਼ਾਈ ਸੱਭਿਆਚਾਰ ਜਿੰਦਾ ਹੈ ਤਾਂ ਉਸ ਪਿੱਛੇ ਪੰਜਾਬੀਆਂ ਦੀਆਂ ਦੇਸ਼ ਲਈ ਕੀਤੀਆਂ ਕੁਰਬਾਨੀਆਂ ਹਨ। ਇਤਿਹਾਸ ਨੂੰ ਭੁੱਲ ਕੇ ਕੇਵਲ ਚਰਚਿਤ ਹੋਣ ਲਈ ਦੇਸ਼ ਵਿੱਚ ਲੋਕਾਂ ਦੀ ਆਪਸੀ ਸਦਭਾਵਨਾ ਅਤੇ ਪਰਸਪਰ ਸਮਾਜਿਕ ਰਿਸ਼ਤਿਆਂ ਦੀ ਅਣਦੇਖੀ ਕਰਨਾ ਦੇਸ਼ ਲਈ ਚੰਗਾ ਨਹੀਂ ਹੈ। ਪਰੰਤੂ ਕੰਗਣਾ ਰਣੌਤ ਜਾਣਬੁੱਝ ਕੇ ਇਸ ਰਸਤੇ ਉੱਤੇ ਤੁਰ ਰਹੀ ਹੈ।**

**ਕੰਗਨਾ ਵੱਲੋਂ ਪੰਜਾਬ ਵਿਰੋਧੀ ਨਫ਼ਰਤੀ ਪ੍ਰਗਟਾਵੇ ਉੱਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਚੁੱਪ ਵੀ ਵੱਡੇ ਸਵਾਲ ਪੈਦਾ ਕਰਦੀ ਹੈ। ਕੰਗਨਾ ਵਿਰੁੱਧ ਕਾਰਵਾਈ ਨਾ ਕਰਕੇ ਪੰਜਾਬ ਸਰਕਾਰ ਨੇ ਆਪਣਾ ਪੰਜਾਬ ਵਿਰੋਧੀ ਚਿਹਰਾ ਦਿਖਾਇਆ ਹੈ। ਇਹ ਇਕੱਤਰਤਾ ਭਾਰਤ ਦੀ ਲੋਕ ਸਭਾ ਦੇ ਸਪੀਕਰ ਜੀ ਨੂੰ ਅਪੀਲ ਕਰਦੀ ਹੈ ਕਿ ਉਹ ਕੰਗਨਾ ਰਣੌਤ ਨੂੰ ਜਾਬਤੇ ਵਿੱਚ ਰਹਿਣ ਲਈ ਅਤੇ ਨੈਤਿਕ ਕਦਰਾਂ ਕੀਮਤਾਂ ਦਾ ਸਤਿਕਾਰ ਕਰਨ ਲਈ ਆਖਣ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 91085 ਮਿਤੀ 12-07-2024

ਉਤਾਰਾ:
1. ਸਪੀਕਰ ਜੀ, ਲੋਕ ਸਭਾ, ਪਾਰਲੀਮੈਂਟ ਭਵਨ, ਨਵੀਂ ਦਿੱਲੀ।
2. ਮੁੱਖ ਮੰਤਰੀ ਜੀ, ਪੰਜਾਬ ਸਰਕਾਰ, ਚੰਡੀਗੜ੍ਹ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।